# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 23-01-2025**

- ਨੇਤਾਜੀ ਸੁਭਾਸ਼ ਚੰਦਰ ਬੋਸ ਦੀ 128ਵੀਂ ਜਯੰਤੀ ਮੌਕੇ 'ਤੇ ਅੱਜ ਪਰਾਕਰਮ ਦਿਵਸ ਮਨਾਇਆ ਜਾ ਰਿਹਾ ਏ ।-ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਨੇਤਾਜੀ ਸੁਭਾਸ਼ ਚੰਦਰ ਬੋਸ ਨੂੰ ਸ਼ਰਧਾਂਜਲੀ ਭੇਟ ਕੀਤੀ।
- ਦਿੱਲੀ ਵਿਧਾਨ ਸਭਾ ਦੀਆਂ 70 ਸੀਟਾਂ ਲਈ ਚੋਣ ਪ੍ਰਚਾਰ ਜ਼ੋਰਾਂ 'ਤੇ-ਪ੍ਰਮੁੱਖ ਪਾਰਟੀਆਂ ਦੇ ਆਗੂ ਰੋਡ ਸ਼ੋਅ ਅਤੇ ਜਨਤਕ ਮੀਟਿੰਗਾਂ ਰਾਹੀਂ ਆਪਣੇ ਉਮੀਦਵਾਰਾਂ ਦੇ ਹੱਕ ਵਿੱਚ ਪ੍ਰਚਾਰ ਕਰ ਰਹੇ ਨੇ।
- ਜੰਮੂ-ਕਸ਼ਮੀਰ ਦੇ ਰਾਜੌਰੀ ਜ਼ਿਲ੍ਹੇ ਵਿਚ ਰਹੱਸਮਈ ਬਿਮਾਰੀ ਕਾਰਨ ਹੋ ਰਹੀਆਂ ਮੌਤਾਂ ਦੀ, ਕੇਂਦਰੀ ਗ੍ਰਹਿ ਮੰਤਰਾਲੇ ਦੀਆਂ ਟੀਮਾਂ ਜਾਂਚ ਕਰ ਰਹੀਆਂ ਨੇ।

- ਮੌਸਮ ਵਿਭਾਗ ਨੇ ਜੰਮੂ-ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ ਦੇ ਵੱਖ-ਵੱਖ ਇਲਾਕਿਆਂ 'ਚ ਕੱਲ ਤੱਕ ਸੀਤ ਲਹਿਰ ਦੀ ਭਵਿੱਖਬਾਣੀ ਕੀਤੀ ਏ ।
- ਮਹਿਲਾ ਹਾਕੀ ਇੰਡੀਆ ਲੀਗ 'ਚ, ਓਡੀਸ਼ਾ ਵਾਰੀਅਰਸ ਦਾ ਸਾਹਮਣਾ ਅੱਜ ਸ਼ਾਮ ਸਵਾ 6 ਵਜੇ ਦਿੱਲੀ ਐੱਸ.ਜੀ. ਪਾਈਪਰਸ ਨਾਲ ਹੋਵੇਗਾ ।

--------------------------------------------------------------------------------

ਨੇਤਾਜੀ ਸੁਭਾਸ਼ ਚੰਦਰ ਬੋਸ ਦੀ 128ਵੀਂ ਜਯੰਤੀ ਮੌਕੇ 'ਤੇ ਉਨ੍ਹਾਂ ਦੀ ਵਿਰਾਸਤ ਦਾ ਸਨਮਾਨ ਕਰਨ ਲਈ ਰਾਸ਼ਟਰ ਅੱਜ ਪਰਾਕਰਮ ਦਿਵਸ ਮਨਾ ਰਿਹਾ ਏ । ਮਹਾਨ ਸੁਤੰਤਰਤਾ ਸੈਨਾਨੀ ਨੇਤਾਜੀ ਸੁਭਾਸ਼ ਚੰਦਰ ਬੋਸ ਦਾ ਜਨਮ 23 ਜਨਵਰੀ 1897 ਨੂੰ ਓਡੀਸ਼ਾ ਦੇ ਕਟਕ ਵਿੱਚ ਹੋਇਆ ਸੀ। ਉਨ੍ਹਾਂ ਨੇ ਆਜ਼ਾਦ ਭਾਰਤ ਦਾ ਸੁਪਨਾ ਦੇਖਣ ਵਾਲੇ ਕਰੋੜਾਂ ਭਾਰਤੀਆਂ ਦੇ ਦਿਲਾਂ ਵਿੱਚ ਦੇਸ਼ ਲਈ ਕੁਰਬਾਨੀ ਦੀ ਚਿਨਕ ਜਗਾਈ। ਇਸ ਮੌਕੇ 'ਤੇ, ਸਭਿਚਾਰਕ ਮਾਮਲਿਆਂ ਬਾਰੇ ਮੰਤਰਾਲਾ ਕਟਕ 'ਚ ਤਿੰਨ ਦਿਨਾਂ ਸਮਾਗਮ ਦਾ ਆਯੋਜਨ ਕਰ ਰਿਹਾ ਏ । ਕਟਕ ਨੇਤਾਜੀ ਦਾ

ਜਨਮ ਅਸਥਾਨ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨੇਤਾਜੀ ਸੁਭਾਸ਼ ਚੰਦਰ ਬੋਸ ਨੂੰ ,ਉਨ੍ਹਾਂ ਦੀ ਜੈਯੰਤੀ 'ਤੇ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਨੇਤਾਜੀ ਭਾਰਤ ਦੇ ਆਜ਼ਾਦੀ ਸੰਗਰਾਮ ਵਿੱਚ ਸਭ ਤੋਂ ਦ੍ਰਿੜ ਅਤੇ ਪ੍ਰੇਰਣਾਦਾਇਕ ਸ਼ਖਸੀਅਤਾਂ ਵਿੱਚੋਂ ਇੱਕ ਸਨ। ਉਪ ਰਾਸ਼ਟਰਪਤੀ ਨੇ ਕਿਹਾ ਕਿ ਭਾਰਤ ਦੀ ਆਜ਼ਾਦੀ ਅਤੇ ਆਜ਼ਾਦ ਹਿੰਦ ਫੌਜ ਦੇ ਗਠਨ ਲਈ, ਨੇਤਾ ਜੀ ਦਾ ਮਿਸਾਲੀ ਸਮਰਪਣ ਉਨ੍ਹਾਂ ਦੀ ਅਸਾਧਾਰਨ ਦੂਰਅੰਦੇਸ਼ੀ ਅਤੇ ਬਹਾਦਰੀ ਦਾ ਪ੍ਰਮਾਣ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੁਹਰਾਇਆ ਏ ਕਿ ਦੇਸ਼ ਨੇਤਾਜੀ ਸੁਭਾਸ਼ ਚੰਦਰ ਬੋਸ ਤੋਂ ਪ੍ਰੇਰਨਾ ਲੈ ਕੇ ਦੁਨੀਆ ਦੀ ਤੀਜੀ ਸਭ ਤੋਂ ਵੱਡੀ ਅਰਥ-ਵਿਵਸਥਾ ਬਣਨ ਲਈ ਵਚਨਬੱਧ ਏ। ਅੱਜ, ਨੇਤਾਜੀ ਸੁਭਾਸ਼ ਚੰਦਰ ਬੋਸ ਦੀ ਜਯੰਤੀ 'ਤੇ, ਪ੍ਰਧਾਨ ਮੰਤਰੀ ਨੇ ਇੱਕ ਵੀਡੀਓ ਸੰਦੇਸ਼ ਵਿੱਚ ਕਿਹਾ ਕਿ ਦੇਸ਼ ਵਾਸੀਆਂ ਨੂੰ ਇੱਕ ਵਿਕਸਤ ਭਾਰਤ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਯਤਨ ਕਰਨੇ ਚਾਹੀਦੇ ਨੇ ।BYTE: ਵਿਸ਼ਵ ਵਿੱਚ ਭਾਰਤ ਦੇ ਵਧਦੇ ਰੁਤਬੇ ਬਾਰੇ,

ਪ੍ਰਧਾਨ ਮੰਤਰੀ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ, ਦੇਸ਼ ਦੀ ਤਰੱਕੀ ਲਈ ਮਾਹੌਲ ਅਨੁਕੂਲ ਏ ਅਤੇ ਦੁਨੀਆ ਭਾਰਤ ਵੱਲ ਦੇਖ ਰਹੀ ਏ । BYTE: ਪ੍ਰਧਾਨ ਮੰਤਰੀ ਨੇ ਕਿਹਾ ਕਿ ਦੇਸ਼ ਦੀ ਫੌਜ ਨੂੰ ਵੀ ਮਜ਼ਬੂਤ ਕੀਤਾ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਪਿਛਲੇ 10 ਸਾਲਾਂ ਵਿੱਚ 25 ਕਰੋੜ ਭਾਰਤੀਆਂ ਨੂੰ ਗਰੀਬੀ ਤੋਂ ਬਾਹਰ ਕੱਢਿਆ ਗਿਆ ਹੈ।

---------------------------------------------------------------------------------

ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਅੰਨਪੂਰਨਾ ਦੇਵੀ ਵੱਲੋਂ, ਬੇਟੀ ਬਚਾਓ ਬੇਟੀ ਪੜ੍ਹਾਓ ਯੋਜਨਾ ਦੀ ਪੰਜਾਬ ਸੂਬੇ ਵੱਲੋਂ ਕੀਤੇ ਗਏ ਉਪਰਾਲਿਆਂ ਦੀ ਸ਼ਲਾਘਾ ਕੀਤੀ ਗਈ ਏ । ਇਸ ਬਾਰੇ ਜਾਣਕਾਰੀ ਦਿੰਦਿਆਂ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਲੜਕੀਆਂ ਦਾ ਜਨਮ ਸਮੇਂ ਸੂਬਾ ਪੱਧਰੀ ਲਿੰਗ ਅਨੁਪਾਤ 2014-15 ਵਿੱਚ 918 ਤੋਂ ਵੱਧ ਕੇ 2023-24 ਵਿੱਚ 930 ਹੋ ਗਿਆ ਏ । ਉਨ੍ਹਾਂ ਕਿਹਾ ਕਿ ਲੜਕੀਆਂ ਦਾ ਜਨਮ ਅਨੁਪਾਤ 75.51 ਫੀਸਦੀ ਤੋਂ ਵੱਧ ਕੇ 78 ਪ੍ਰਫੀਸਦੀ ਹੋ ਗਿਆ ਏ ਜੋ ਕਿ ਸੂਬਾ ਸਰਕਾਰ ਵੱਲੋਂ ਕੀਤੇ ਗਏ ਪਰਾਲਿਆਂ ਸਦਕਾ ਸੰਭਵ ਹੋਇਆ ਏ । ਉਨ੍ਹਾਂ

ਇਹ ਵੀ ਕਿਹਾ ਕਿ ਸੂਬੇ ਵਿੱਚ ਸੰਸਥਾਗਤ ਜਣੇਪੇ 61 ਫੀਸਦੀ  ਤੋਂ ਵੱਧ ਕੇ 97.3 ਹੋ ਗਏ ਨੇ। ਓਹਨਾ  ਦੱਸਿਆ ਕਿ ਸੂਬੇ ਵਿੱਚ ਲਿੰਗ ਅਨੁਪਾਤ ਦੇ ਸੰਤੁਲਨ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਨੇ । ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਕੇਂਦਰੀ ਮੰਤਰੀ ਵੱਲੋਂ ਫਰੀਦਕੋਟ ਜ਼ਿਲ੍ਹੇ ਦੀ ਵਿਲੱਖਣ ਪਹਿਲਕਦਮੀ ਦੀ ਸ਼ਲਾਘਾ ਕੀਤੀ ਏ  ਕਿ "ਧੀ ਅਣਮੁੱਲੀ ਦਾਤ" ਨੇ ਲੜਕੀਆਂ ਲਈ "ਸਰੀਂਹ ਰਸਮ" ਦਾ ਆਯੋਜਨ ਕਰਕੇ ਪਿਤਾ-ਪੁਰਖੀ ਨਿਯਮਾਂ ਨੂੰ ਚੁਣੌਤੀ ਦਿੱਤੀ ਏ। ਉਨ੍ਹਾਂ ਕਿਹਾ ਕਿ ਇਹ ਪ੍ਰਥਾ ਜੋ ਰਵਾਇਤੀ ਤੌਰ 'ਤੇ ਮੁੰਡਿਆਂ ਲਈ ਰਾਖਵੀਂ ਏ। ਇਸ ਪਹਿਲਕਦਮੀ ਦੇ ਤਹਿਤ, ਨਵਜੰਮੀਆਂ ਲੜਕੀਆਂ ਦੇ ਪਰਿਵਾਰ ਆਪਣੇ ਮੁੱਖ ਦਰਵਾਜ਼ਿਆਂ 'ਤੇ ਸਰੀਂਹ ਜਾਂ ਨਿੰਮ ਰੁੱਖ ਦੇ ਪੱਤੇ ਬੰਨ੍ਹ ਕੇ ਅਤੇ ਬੱਚੇ ਦੇ ਪੈਰਾਂ ਦੇ ਨਿਸ਼ਾਨਾਂ ਨੂੰ ਪਿਆਰੀਆਂ ਯਾਦਾਂ ਵਜੋਂ ਸੁਰੱਖਿਅਤ ਰੱਖ ਕੇ ਲੜਕੀਆਂ ਦੇ ਜਨਮ ਦਾ ਜਸ਼ਨ ਮਨਾਇਆ ਜਾਂਦਾ ਏ । ਡਾ. ਬਲਜੀਤ ਕੌਰ ਨੇ ਕਿਹਾ ਕਿ ਰਾਸ਼ਟਰੀ ਪੱਧਰ 'ਤੇ ਪੰਜਾਬ ਦੇ ਉਪਰਾਲਿਆਂ  ਦੀ ਮਾਨਤਾ ਲੜਕੀਆਂ ਨੂੰ ਸਸ਼ਕਤ ਬਣਾਉਣ ਅਤੇ ਸਮਾਜਿਕ ਧਾਰਨਾਵਾਂ ਨੂੰ ਬਦਲਣ ਪ੍ਰਤੀ ਸਰਕਾਰ ਦੀ ਵਚਨਬੱਧਤਾ ਦਾ

ਪ੍ਰਮਾਣ ਏ। ਪੰਜਾਬ ਸਰਕਾਰ ਇਹ ਯਕੀਨੀ ਬਣਾਉਣ ਲਈ ਸਮਰਪਿਤ ਹੈ ਕਿ ਸੂਬੇ ਵਿੱਚ ਹਰ ਲੜਕੀ ਦੀ ਕਦਰ ਅਤੇ ਉਸਨੂੰ ਵਧਣ-ਫੁੱਲਣ ਦੇ ਬਰਾਬਰ ਮੌਕੇ ਦਿੱਤੇ ਜਾਣ। ਮੰਤਰੀ ਨੇ ਕਿਹਾ ਕਿ, ''ਬੇਟੀ ਬਚਾਓ ਬੇਟੀ ਪੜ੍ਹਾਓ" ਯੋਜਨਾ ਤਹਿਤ, ਸੂਬਾ ਸਰਕਾਰ ਵੱਲੋਂ ਲੜਕੀਆਂ ਨੂੰ ਲੈ ਕੇ ਲੋਕਾਂ ਦੀ ਮਾਨਸਿਕਤਾ ਅਤੇ ਵਿਵਹਾਰ 'ਚ ਬਦਲਾਅ ਲਿਆਉਣ ਦਾ ਲਗਾਤਾਰ ਯਤਨ ਕੀਤਾ ਜਾ ਰਿਹਾ ਏ ਤਾਂ ਜੋ ਸਮਾਜ ਵਿੱਚੋਂ ਕੁੜੀਆਂ ਨਾਲ ਹੋ ਰਹੇ ਵਿਤਕਰੇ ਨੂੰ ਖਤਮ ਕੀਤਾ ਜਾ ਸਕੇ।

---------------------------------------------------------------

ਰਾਸ਼ਟਰੀ ਰਾਜਧਾਨੀ ਦਿੱਲੀ 'ਚ ਕਰੱਤਵ ਪਥ 'ਤੇ ਅੱਜ ਗਣਤੰਤਰ ਦਿਵਸ ਪਰੇਡ ਦੀ ਫੁੱਲ ਡਰੈੱਸ ਰਿਹਰਸਲ ਦਾ ਆਯੋਜਨ ਕੀਤਾ ਗਿਆ। 76ਵੇਂ ਗਣਤੰਤਰ ਦਿਵਸ ਪਰੇਡ ਦੌਰਾਨ, ਵੱਖ-ਵੱਖ ਸੂਬਿਆਂ ਕੇਂਦਰ ਸ਼ਾਸਤ ਪ੍ਰਦੇਸ਼ਾਂ ਅਤੇ ਕੇਂਦਰੀ ਮੰਤਰਾਲਿਆਂ ਦੀਆਂ ਕੁੱਲ 26 ਝਾਕੀਆਂ ਤਿਆਰ ਕੀਤੀਆਂ ਗਈਆਂ ਨੇ , ਜੋ ਦੇਸ਼ ਦੀ ਵਿਭਿੰਨਤਾ ਅਤੇ ਸੱਭਿਆਚਾਰਕ ਸ਼ਮੂਲੀਅਤ ਨੂੰ ਦਰਸਾਉਂਦੀਆਂ ਨੇ। ਇਸ ਵਾਰ ਦੀ ਝਾਂਕੀ ਦਾ ਵਿਸ਼ਾ ਹ- ‘ਸੁਨਹਿਰੀ ਭਾਰਤ : ਵਿਰਾਸਤ ਤੇ ਵਿਕਾਸ ਰੱਖਿਆ ਗਿਆ

ਏ । ਪਰੇਡ ਵਿੱਚ 16 ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਨਾਲ-ਨਾਲ 10 ਮੰਤਰਾਲਿਆਂ ਅਤੇ ਵਿਭਾਗਾਂ ਦੀ ਵਿਲੱਖਣ ਥੀਮ ਵਾਲੀ ਝਾਂਕੀ ਸ਼ਾਮਲ ਹੋਵੇਗੀ।

------------------------------------------------------------

ਰਾਸ਼ਟਰੀ ਸਕੂਲ ਬੈਂਡ ਪ੍ਰਤੀਯੋਗਿਤਾ 6.0 ਦਾ ਗ੍ਰੈਂਡ ਫਿਨਾਲੇ ਕੱਲ ਤੋਂ ਨਵੀਂ ਦਿੱਲੀ ਸਥਿਤ ਮੇਜਰ ਧਿਆਨ ਚੰਦ ਨੈਸ਼ਨਲ ਸਟੇਡੀਅਮ ਵਿਖੇ ਹੋਵੇਗਾ । ਇਹ ਮੁਕਾਬਲਾ 25 ਜਨਵਰੀ ਤੱਕ ਚੱਲੇਗਾ । ਸਿੱਖਿਆ ਮੰਤਰਾਲਾ. ਰੱਖਿਆ ਮੰਤਰਾਲੇ ਦੇ ਸਹਿਯੋਗ ਨਾਲ ਗ੍ਰੈਂਡ ਫਿਨਾਲੇ ਦਾ ਆਯੋਜਨ ਕਰ ਰਿਹਾ ਏ । 13 ਸੂਬਿਆਂ ਦੀਆਂ 16 ਬੈਂਡ ਟੀਮਾਂ ਨੂੰ, ਸੂਬਾ ਅਤੇ ਜ਼ੋਨਲ ਪੱਧਰ 'ਤੇ ਮੁਕਾਬਲੇ ਰਾਹੀਂ ਸ਼ਾਨਦਾਰ ਫਾਈਨਲ ਲਈ ਚੁਣਿਆ ਗਿਆ ਏ । ਪਹਿਲੀ ਵਾਰ ਤਿੰਨ ਸਰਕਾਰੀ ਸਕੂਲਾਂ ਦੀਆਂ ਬੈਂਡ ਟੀਮਾਂ ਨੂੰ ਗਣਤੰਤਰ ਦਿਵਸ ਪਰੇਡ ਵਿੱਚ ਹਿੱਸਾ ਲੈਣ ਦਾ ਮੌਕਾ ਮਿਲਿਆ ਏ ।

------------------------------------------------------------

ਪੰਜਾਬ ਦੇ ਖੇਤੀਬਾੜੀ, ਪਸ਼ੂ ਪਾਲਣ ਤੇ ਮੱਛੀ ਪਾਲਣ ਮੰਤਰੀ ਗੁਰਮੀਤ

ਸਿੰਘ ਖੁੱਡੀਆਂ ਨੇ ਸ੍ਰੀ ਮੁਕਤਸਰ ਸਾਹਿਬ 'ਚ ਆਪਣੇ ਵਿਧਾਨ ਸਭਾ ਹਲਕੇ ਲੰਬੀ ਦੇ ਵੱਖ-ਵੱਖ ਪਿੰਡਾਂ ਵਿੱਚ, ਲਗਭਗ 8 ਕਰੋੜ 48 ਲੱਖ ਲਾਗਤ ਦੇ ਵਿਕਾਸ ਕੰਮਾਂ ਦੀ ਸ਼ੁਰੂਆਤ ਕੀਤੀ। ਉਨ੍ਹਾਂ ਦੱਸਿਆ ਕਿ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵਲੋਂ ਸੂਬੇ ਦੇ ਵਿਕਾਸ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਨੇ ਅਤੇ ਲੋਕਾਂ ਦੀ ਭਲਾਈ ਲਈ ਅਗਾਂਹਵਧੂ ਕਦਮ ਚੁੱਕੇ ਜਾ ਰਹੇ ਨੇ। ਇਸ ਮੌਕੇ ਉਹਨਾਂ ਪਿੰਡ ਨਿਵਾਸੀਆਂ ਦੀਆਂ ਸਮੱਸਿਆਵਾਂ ਵੀ ਸੁਣੀਆਂ, ਜਿਹਨਾਂ ਦਾ ਮੌਕੇ 'ਤੇ ਨਿਪਟਾਰਾ ਕੀਤਾ ਗਿਆ।

-----------------------------------------------------------

ਮਾਨਸਾ ਜ਼ਿਲ੍ਹੇ ਦੇ ਪਿੰਡ ਅਕਲੀਆ ਦਾ ਨੌਜਵਾਨ ਅਗਨੀਵੀਰ ਲਵਪ੍ਰੀਤ ਸਿੰਘ ਡਿਊਟੀ ਦੌਰਾਨ ਸ਼ਹੀਦ ਹੋ ਗਿਆ ਏ। ਇਹ ਨੌਜਵਾਨ ਦੋ ਸਾਲ ਪਹਿਲਾਂ ਹੀ ਫੌਜੀ ਵਿੱਚ ਭਰਤੀ ਹੋਇਆ ਸੀ ਅਤੇ ਹੁਣ ਜੰਮੂ ਕਸ਼ਮੀਰ ਦੇ ਜ਼ਿਲ੍ਹਾ ਕੂਪਵਾੜਾ ਵਿੱਚ ਆਰ.ਆਰ ਵਿਖੇ ਡਿਊਟੀ ਕਰ ਰਿਹਾ ਸੀ। ਮਿਲੀ ਜਾਣਕਾਰੀ ਅਨੁਸਾਰ ਪਤਾ ਲੱਗਿਆ ਏ ਕਿ ਕੂਪਵਾੜਾ ਵਿਖੇ ਅੱਤਵਾਦੀਆਂ ਨਾਲ ਲੜਾਈ ਦੇ ਦੌਰਾਨ ਸਿਰ ’ਤੇ ਗੋਲੀ ਲੱਗਣ ਕਾਰਨ

ਸ਼ਹੀਦ ਹੋ ਗਿਆ ਏ।  ਪਿੰਡ ਅਕਲੀਆ ਦਾ 24 ਸਾਲ ਲਵਪ੍ਰੀਤ ਸਿੰਘ ਨਰਿੰਦਰ ਮੀਡੀਅਮ ਰਿਜਮੈਂਟ ਯੂਨਿਟ ਵਿੱਚ ਤਾਇਨਾਤ ਸੀ ਅਤੇ ਦੋ ਸਾਲ ਪਹਿਲਾਂ ਹੀ ਫੌਜ ਵਿੱਚ ਭਰਤੀ ਹੋਇਆ ਸੀ। ਪਰਿਵਾਰ ਮੈਂਬਰਾਂ ਨੇ ਦੱਸਿਆ ਕਿ ਬੀਤੇ ਕੱਲ੍ਹ ਦੁਪਹਿਰ 3 ਵਜੇ ਕੂਪਵਾੜਾ ਵਿੱਚ ਅੱਤਵਾਦੀਆਂ ਨਾਲ ਲੜਾਈ ਹੋਈ ਸੀ, ਜਿਸ ਦੌਰਾਨ ਲਵਪ੍ਰੀਤ ਸਿੰਘ ਦੇ ਗੋਲ ਲੱਗ ਗਈ, ਜਿਸ ਨੂੰ ਬਾਅਦ ਉਸ ਨੂੰ ਹਸਪਤਾਲ ਲਿਜਾਇਆ ਗਿਆ, ਪਰ ਉਹ ਸ਼ਹੀਦ ਹੋ ਚੁੱਕਿਆ ਸੀ। ਉਧਰ ਨੌਜਵਾਨ ਲਵਪ੍ਰੀਤ ਸਿੰਘ ਦੇ ਸ਼ਹੀਦ ਹੋਣ ਦੀ ਸੂਚਨਾ ਮਿਲਣ ’ਤੇ ਪਿੰਡ ਵਿੱਚ ਸੋਕ ਦੀ ਲਹਿਰ ਏ ਅਤੇ ਪਿੰਡ ਸਰਪੰਚ ਜਸਵੀਰ ਸਿੰਘ ਨੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਚਾਰ ਸਾਲ ਦੀ ਇਸ ਅਗਨੀਵੀਰ ਯੋਜਨਾ ਵਿੱਚ ਭਰਤੀ ਹੋਏ ਉਨ੍ਹਾਂ ਦੇ ਨੌਜ਼ਵਾਨਾਂ ਨੂੰ ਵੀ ਦੂਜੇ ਫੌਜੀਆਂ ਵਾਂਗ ਸਹੂਲਤਾਂ ਮਿਲਣੀਆਂ ਚਾਹੀਦੀਆਂ ਨੇ।

--------------------------------------------------------------

ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਲਵਪ੍ਰੀਤ ਸਿੰਘ ਦੇ ਸ਼ਹੀਦ ਹੋਣ ਤੇ ਦੁੱਖ ਦਾ ਪ੍ਰਗਟਾਵਾ ਕੀਤਾ ਏ। ਉਨ੍ਹਾਂ ਸ਼ਹੀਦ ਦੇ ਦੇਸ਼

ਪਾਰਟੀ ਜਜ਼ਬੇ ਨੂੰ ਸਲਾਮ ਕੀਤਾ ਅਤੇ ਕਿਹਾ ਕਿ ਸਰਕਾਰ ਵਾਅਦੇ ਮੁਤਾਬਿਕ ਪਰਿਵਾਰ ਦੀ ਹਰ ਸੰਭਵ ਮਦਦ ਕਰੇਗੀ ।

---------------------------------------------------------------------------

ਭਾਰਤੀ ਚੋਣ ਕਮਿਸ਼ਨ ਨੇ ਅੱਜ ਨਵੀਂ ਦਿੱਲੀ ਵਿੱਚ ਦੋ ਦਿਨਾਂ ਅੰਤਰ-ਰਾਸ਼ਟਰੀ ਕਾਨਫਰੰਸ ਦਾ ਆਯੋਜਨ ਕੀਤਾ। ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਕਾਨਫਰੰਸ ਦੇ ਉਦਘਾਟਨੀ ਸੈਸ਼ਨ ਵਿੱਚ ਸ਼ਾਮਲ ਹੋਏ। ਇੰਟਰਨੈਸ਼ਨਲ ਫਾਊਂਡੇਸ਼ਨ ਫਾਰ ਇਲੈਕਟੋਰਲ ਸਿਸਟਮਜ਼ ਦੇ ਪ੍ਰਧਾਨ ਅਤੇ ਮੁਖ ਕਾਰਜਕਾਰੀ ਅਧਿਕਾਰੀ ਅਤੇ ਵਿਸ਼ਵ ਚੋਣ ਸੰਸਥਾਵਾਂ ਦੀ ਐਸੋਸੀਏਸ਼ਨ ਦੇ ਸਕੱਤਰ ਜਨਰਲ ਸਮੇਤ 13 ਚੋਣ ਪ੍ਰਬੰਧਨ ਸੰਸਥਾਵਾਂ ਅਤੇ ਅੰਤਰ-ਰਾਸ਼ਟਰੀ ਸੰਸਥਾਵਾਂ ਦੇ ਲਗਭਗ 30 ਨੁਮਾਇਦੇ ਇਸ ਕਾਨਫਰੰਸ ਵਿੱਚ ਹਿੱਸਾ ਲੈ ਰਹੇ ਹਨ। ਕਾਨਫਰੰਸ ਦੌਰਾਨ, ਚੋਣ ਪ੍ਰਬੰਧਨ ਸੰਸਥਾਵਾਂ ਦੇ ਮੁਖੀ ਅਤੇ ਨੁਮਾਇੰਦੇ ਵਿਸ਼ਵ ਭਰ ਵਿੱਚ ਚੋਣ ਪ੍ਰਬੰਧਨ ਵਿੱਚ ਦਰਪੇਸ਼ ਪ੍ਰਮੁੱਖ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕਰਨਗੇ।

---------------------------------------------------------------------------

- ਨੇਤਾਜੀ ਸੁਭਾਸ਼ ਚੰਦਰ ਬੋਸ ਦੀ 128ਵੀਂ ਜਯੰਤੀ ਮੌਕੇ 'ਤੇ ਅੱਜ ਪਰਾਕਰਮ ਦਿਵਸ ਮਨਾਇਆ ਜਾ ਰਿਹਾ ਏ ।-ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਨੇਤਾਜੀ ਸੁਭਾਸ਼ ਚੰਦਰ ਬੋਸ ਨੂੰ ਸ਼ਰਧਾਂਜਲੀ ਭੇਟ ਕੀਤੀ ।
- ਦਿੱਲੀ ਵਿਧਾਨ ਸਭਾ ਦੀਆਂ 70 ਸੀਟਾਂ ਲਈ ਚੋਣ ਪ੍ਰਚਾਰ ਜ਼ੋਰਾਂ 'ਤੇ-ਪ੍ਰਮੁੱਖ ਪਾਰਟੀਆਂ ਦੇ ਆਗੂ ਰੋਡ ਸ਼ੋਅ ਅਤੇ ਜਨਤਕ ਮੀਟਿੰਗਾਂ ਰਾਹੀਂ ਆਪਣੇ ਉਮੀਦਵਾਰਾਂ ਦੇ ਹੱਕ ਵਿੱਚ ਪ੍ਰਚਾਰ ਕਰ ਰਹੇ ਨੇ ।
- ਜੰਮੂ-ਕਸ਼ਮੀਰ ਦੇ ਰਾਜੌਰੀ ਜ਼ਿਲ੍ਹੇ ਵਿਚ ਰਹੱਸਮਈ ਬਿਮਾਰੀ ਕਾਰਨ ਹੋ ਰਹੀਆਂ ਮੌਤਾਂ ਦੀ, ਕੇਂਦਰੀ ਗ੍ਰਹਿ ਮੰਤਰਾਲੇ ਦੀਆਂ ਟੀਮਾਂ ਜਾਂਚ ਕਰ ਰਹੀਆਂ ਨੇ ।
- ਮੌਸਮ ਵਿਭਾਗ ਨੇ ਜੰਮੂ-ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ ਦੇ ਵੱਖ-ਵੱਖ ਇਲਾਕਿਆਂ 'ਚ ਕੱਲ ਤੱਕ ਸੀਤ ਲਹਿਰ ਦੀ ਭਵਿੱਖਬਾਣੀ ਕੀਤੀ ਏ ।

- ਮਹਿਲਾ ਹਾਕੀ ਇੰਡੀਆ ਲੀਗ 'ਚ, ਓਡੀਸ਼ਾ ਵਾਰੀਅਰਸ ਦਾ ਸਾਹਮਣਾ ਅੱਜ ਸ਼ਾਮ ਸਵਾ 6 ਵਜੇ ਦਿੱਲੀ ਐੱਸ.ਜੀ. ਪਾਈਪਰਸ ਨਾਲ ਹੋਵੇਗਾ।